# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-08-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਪਹਿਲੇ ਪੜਾਅ ਤਹਿਤ, ਫਿਜੀ ਦੀ ਰਾਜਧਾਨੀ ਸੁਵਾ 'ਚ ਨੇ । ਫਿਜੀ ਦੇ ਰਾਸ਼ਟਰਪਤੀ ਰਾਤੂ ਵਿਲੀਅਮ ਮੈਵਲੀਲੀ ਕਟੋਨਿਵੇਰੇ ਨੇ, ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ, 'ਕੰਪੇਨੀਅਨ ਆਫ ਦਾ ਆਰਡਰ ਆਫ ਫਿਜੀ' ਨਾਲ ਸਨਮਾਨਿਤ ਕੀਤਾ । ਇਹ ਫਿਜੀ ਦਾ ਸਰਵਉੱਚ ਨਾਗਰਿਕ ਸਨਮਾਨ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਹ ਸਨਮਾਨ, ਭਾਰਤ ਅਤੇ ਫਿਜੀ ਦਰਮਿਆਨ ਦੋਸਤੀ ਦੇ ਡੂੰਘੇ ਸਬੰਧਾਂ ਦਾ ਪ੍ਰਤੀਕ ਏ । ਇਹ ਵੇਰਵਾ ਰਾਸ਼ਟਰਪਤੀ ਦੇ ਐਕਸ ਹੈਂਡਲ 'ਤੇ ਸਾਂਝਾ ਕੀਤਾ ਗਿਆ ਏ । ਸੁਵਾ ਪਹੁੰਚਣ 'ਤੇ ਦ੍ਰੋਪਦੀ ਮੁਰਮੂ ਦਾ ਫਿਜੀ ਦੇ ਪ੍ਰਧਾਨ ਮੰਤਰੀ, ਸੀਟਿ-ਵੇਨੀ ਰਾਬੂਕਾ ਨੇ ਜੋਰਦਾਰ ਸਵਾਗਤ ਕੀਤਾ । ਫਿਜੀ ਤੋਂ ਬਾਅਦ ਰਾਸ਼ਟਰਪਤੀ ਨਿਊਜ਼ੀਲੈਂਡ ਅਤੇ ਤਿਮੋਰ-ਲੇਸਤੇ ਦਾ ਦੌਰਾ ਕਰਨਗੇ । ਕਿਸੇ ਭਾਰਤੀ

ਰਾਜ ਦੇ ਮੁਖੀ ਦੀ ਫਿਜੀ ਅਤੇ ਤਿਮੋਰ-ਲੇਸਤੇ ਦੀ ਇਹ ਪਹਿਲੀ ਯਾਤਰਾ ਏ। ਇਹ ਦੌਰਾ ਦੋਵਾਂ ਦੇਸ਼ਾਂ ਦੇ ਇਤਿਹਾਸਕ ਸਬੰਧਾਂ ਨੂੰ ਹੋਰ ਮਜ਼ਬੂਤ ਕਰੇਗਾ।

------------------------------------------------

ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਵਿੱਢੀ ਗਈ ਮੁਹਿੰਮ ਤਹਿਤ, ਬਠਿੰਡਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਲਈ ਸਿਵਲ ਤੇ ਪੁਲਿਸ ਪ੍ਰਸ਼ਾਸਨ ਵਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਜ਼ਿਲਾ ਪੁਲਿਸ ਮੁਖੀ ਅਮਨੀਤ ਕੌਂਡਲ ਨੇ ਦੱਸਿਆ ਕਿ ਇਸ ਤਹਿਤ ਜ਼ਿਲ੍ਹੇ ਦੇ ਸਮੂਹ ਪੁਲਿਸ ਸਟੇਸ਼ਨਾਂ ਅਤੇ ਸਾਂਝ ਕੇਂਦਰਾਂ ਨੇ, ਜ਼ਿਲ੍ਹੇ ਨੂੰ ਨਸ਼ਾ ਮੁਕਤ ਕਰਨ ਦੇ ਮਕਸਦ ਨਾਲ ਲਗਾਤਾਰ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ, ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਏ। ਮੁਹਿੰਮ ਅਧੀਨ ਜ਼ਿਲੇ ਦੀਆਂ ਵੱਖ-ਵੱਖ ਥਾਵਾਂ ਜਿਵੇਂ ਕਿ ਸਕੂਲਾਂ, ਕਾਲਜਾਂ, ਪਿੰਡਾਂ ਦੀਆਂ ਸੱਥਾਂ ਅਤੇ ਹੋਰ ਕਾਰੋਬਾਰੀ ਅਦਾਰਿਆਂ ਰਾਹੀਂ ਆਮ ਲੋਕਾਂ ਵਿੱਚ ਨਸ਼ਿਆਂ ਖਿਲਾਫ਼ ਜਾਗਰੂਕਤਾ ਪੈਦਾ ਕੀਤੀ ਜਾ ਰਹੀ ਏ। ਅਮਨੀਤ ਕੌਂਡਲ ਨੇ ਦੱਸਿਆ ਕਿ ਵਿੱਢੀ ਗਈ ਮੁਹਿੰਮ ਤਹਿਤ ਨਸ਼ਾ ਤਸਕਰਾਂ ਤੇ ਸਿਕੰਜਾ ਕਸਦੇ ਹੋਏ ਇਸ ਸਾਲ

ਪਹਿਲੀ ਜਨਵਰੀ ਤੋਂ ਹੁਣ ਤੱਕ ਐਨ.ਡੀ.ਪੀ.ਐਸ ਐਕਟ ਤਹਿਤ ਜ਼ਿਲੇ ਵਿਚ 328 ਮੁਕੱਦਮੇ ਦਰਜ ਕੀਤੇ ਗਏ ਨੇ ਅਤੇ 508 ਦੋਸ਼ੀਆਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ ਏ । ਉਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਬਠਿੰਡਾ ਪੁਲਿਸ ਵਲੋਂ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਹੋਰ ਵੀ ਸਖ਼ਤੀ ਨਾਲ ਕਦਮ ਚੁੱਕੇ ਜਾਣਗੇ । ਉਨਾਂ ਆਮ ਲੋਕਾਂ ਨੂੰ ਨਸ਼ਿਆਂ ਦੇ ਖ਼ਾਤਮੇ ਲਈ ਪੁਲਿਸ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਏ ।

---------------------------------------------------------------

ਲੁਧਿਆਣਾ ਜ਼ਿਲੇ ਦੇ ਜਗਰਾਓਂ 'ਚ, ਰਾਏਕੋਟ ਸੜਕ 'ਤੇ ਪਿੰਡ ਅਖਾੜਾ ਅਤੇ ਹੋਰ ਪਿੰਡਾਂ ਦੇ ਬੱਚਿਆਂ ਨੂੰ ਅੱਜ ਸਵੇਰੇ ਘਰ ਤੋਂ ਸਕੂਲ ਲੈ ਕੇ ਜਾ ਰਹੀ, ਇਕ ਨਾਮੀ ਪ੍ਰਾਈਵੇਟ ਸਕੂਲ ਦੀ ਤੇਜ਼ ਰਫਤਾਰ ਵੈਨ ਦਰੱਖਤ ਨਾਲ ਟਕਰਾ ਗਈ, ਜਿਸ ਕਾਰਨ ਇਕ ਬੱਚੇ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਤਿੰਨ ਬੱਚੇ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਐਂਬੂਲੈਂਸ ਦੀ ਮਦਦ ਨਾਲ ਹਸਪਤਾਲ ਦਾਖਲ ਕਰਵਾਇਆ ਗਿਆ । ਮ੍ਰਿਤਕ ਬੱਚਾ ਜ਼ਿਲੇ ਦੇ ਪਿੰਡ ਅਖਾੜਾ ਦਾ ਰਹਿਣ ਵਾਲਾ ਦੱਸਿਆ ਜਾਂਦਾ ਏ । ਜਾਣਕਾਰੀ

ਅਨੁਸਾਰ ਸਕੂਲ ਵੈਨ ਦੀ ਰਫਤਾਰ ਇੰਨੀ ਜ਼ਿਆਦਾ ਸੀ, ਕਿ ਦਰੱਖਤ ਨਾਲ ਟਕਰਾ ਕੇ ਪੂਰੀ ਵੈਨ ਚਕਨਾਚੂਰ ਹੋ ਗਈ।

---------------------------------------------------------------

ਪੈਰਿਸ ਓਲੰਪਿਕ ਦੇ ਅੱਜ 11ਵੇਂ ਦਿਨ, ਮਰਦਾਂ ਦੇ ਟੇਬਲ ਟੇਨਿਸ ਦੇ ਪ੍ਰੀ-ਕੁਆਰਟਰ ਫਾਈਨਲ ਵਿਚ ਭਾਰਤ ਦੇ ਖਿਡਾਰੀ ਹਰਮੀਤ ਦੇਸਾਈ, ਸ਼ਰਤ ਕਮਲ ਤੇ ਮਾਨਵ ਠੱਕਰ, ਚੀਨ ਦੇ ਖਿਡਾਰੀਆਂ ਨਾਲ ਆਹਮੋਂ ਸਾਹਮਣੇ ਹੋਣਗੇ। ਇਹ ਮੈਚ ਹੁਣ ਤੋਂ ਥੋੜੀ ਦੇਰ ਬਾਅਦ, ਡੇਢ ਵਜੇ ਸ਼ੁਰੂ ਹੋਵੇਗਾ। ਐਥਲੇਟਿਕਸ ਵਿਚ ਨੇਜ਼ੇਬਾਜ਼ੀ ਵਿਚ ਮਰਦਾਂ ਦੇ ਵਰਗ ਵਿਚ ਕਿਸ਼ੋਰ ਜੇਨਾ ਇਕ ਵੱਜ ਕੇ 50 ਮਿੰਟ ਅਤੇ ਔਰਤਾਂ ਦੀ 400 ਮੀਟਰ ਰੈਪੇਚੇਜ ਦੌੜ ਵਿਚ ਕਿਰਨ ਪਹਿਲ, ਦੁਪਹਿਰ 2 ਵੱਜ ਕੇ 50 ਮਿੰਟ ਤੇ ਮੈਦਾਨ ਵਿਚ ਉਤਰਨਗੇ। ਭਾਰਤ ਦੇ 'ਗੋਲਡਨ ਬੋਏ' ਨੀਰਜ ਚੋਪੜਾ ਕਵਾਲੀਫਿਕੇਸ਼ਨ ਰਾਉਂਡ ਵਿਚ, ਬਾਅਦ ਦੁਪਹਿਰ ਤਿੰਨ ਵੱਜ ਕੇ ਵੀਹ ਮਿੰਟ ਤੇ ਮੈਦਾਨ ਤੇ ਹੋਣਗੇ। ਹਾਕੀ ਟੀਮ ਆਪਣਾ ਸੈਮੀਫਾਈਨਲ ਮੈਚ ਰਾਤ ਸਾਢੇ 10 ਵਜੇ ਤੋਂ ਜਰਮਨੀ ਨਾਲ ਖੇਡੇਗੀ।

*ਇਕ ਰਿਪੋਰਟ :ਡਿਸਪੈਚ: ਕੁਆਰਟਰ ਫਾਈਨਲ ਵਿਚ ਗ੍ਰੇਟ ਬ੍ਰਿਟੇਨ ਨੂੰ ਪੈਨਲਟੀ ਸ਼ੂਟ ਆਊਟ ਰਾਹੀਂ 4 - 2 ਨਾਲ ਹਰਾਉਣ ਮਗਰੋਂ ਭਾਰਤੀ ਹਾਕੀ ਟੀਮ ਦੇ ਹੌਸਲੇ ਪੂਰੀ ਤਰ੍ਹਾਂ ਨਾਲ ਬੁਲੰਦ ਨੇ। ਜਰਮਨੀ ਖਿਲਾਫ ਹੋਣ ਵਾਲੇ ਸੈਮੀਫਾਈਨਲ ਮੈਚ ਵਿਚ ਵੀ ਟੀਮ ਆਪਣੀ ਮੌਜੂਦਾ ਰਣਨੀਤੀ ਮੁਤਾਬਕ ਤੇਜ ਤਰਾਰ ਹਾਕੀ ਦਾ ਖੇਡ ਜਾਰੀ ਰੱਖੇਗੀ। ਹਾਲਾਂਕਿ ਟੀਮ ਦੇ ਸਟਾਰ ਡਿਫੈਂਡਰ ਅਮਿਤ ਰੋਹੀਦਾਸ ਨੂੰ ਕੁਆਰਟਰ ਫਾਈਨਲ ਵਿਚ ਮਿਲੇ ਰੇਡ ਕਾਰਡ ਕਰਕੇ ਜਰਮਨੀ ਖਿਲਾਫ ਇਸ ਸੈਮੀਫਾਈਨਲ ਮੈਚ ਦਾ ਹਿੱਸਾ ਨਹੀਂ ਹੋਣਗੇ। ਓਲੰਪਿਕ ਵਿਚ ਭਾਰਤੀ ਹਾਕੀ ਟੀਮ ਦੇ ਹਾਲੇ ਤਕ ਦੇ ਸ਼ਾਨਦਾਰ ਪ੍ਰਦਰਸ਼ਨ ਦੇ ਅਗੇ ਵੀ ਜਾਰੀ ਰਹਿਣ ਦੀ ਆਸ ਹਾਕੀ ਪ੍ਰੇਮੀ ਲਗਾਏ ਹੋਏ ਨੇ।ਆਪਣੀ ਹਾਕੀ ਦੇ ਜਾਦੂ ਨਾਲ ਸਾਰਿਆਂ ਨੂੰ ਹੈਰਾਨ ਕਰ ਰਹੀ ਭਾਰਤੀ ਟੀਮ ਸੈਮੀਫਾਈਨਲ ਵਿਚ ਵੀ ਆਪਣੇ ਜਾਦੂ ਦਾ ਕਰਿਸ਼ਮਾ ਜਰੂਰ ਵਿਖਾਏਗੀ ਅਤੇ ਹੁਣ ਸਮੁਚਾ ਦੇਸ਼ ਰਾਤ ਸਾਢੇ ਦਸ ਵਜੇ ਦਾ ਬੇਸਬਰੀ ਨਾਲ ਇੰਤਜਾਰ ਕਰ ਰਿਹਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਮੁਹਾਲੀ ਦੇ ਬਹੁ-ਕਰੋੜੀ, ਅਮਰੂਦਾਂ ਦੇ ਬਾਗਾਂ ਦੇ ਮੁਆਵਜ਼ਾ ਘੁਟਾਲੇ ’ਚ ਸਹਿ-ਮੁਲਜ਼ਮ ਵਜੋਂ ਨਾਮਜ਼ਦ, ਨਾਇਬ-ਤਹਿਸੀਲਦਾਰ ਜਸਕਰਨ ਸਿੰਘ ਬਰਾੜ ਨੂੰ ਗ੍ਰਿਫ਼ਤਾਰ ਕਰ ਲਿਆ ਏ । ਜ਼ਿਕਰਯੋਗ ਏ ਕਿ ਇਸ ਮੁਲਜ਼ਮ ਵੱਲੋਂ ਸੁਪਰੀਮ ਕੋਰਟ ਤੋਂ ਜ਼ਮਾਨਤ ਦੀ ਅਰਜ਼ੀ ਖ਼ਾਰਜ ਹੋਣ ਪਿੱਛੋਂ, ਵਿਜੀਲੈਂਸ ਬਿਊਰੋ ਅੱਗੇ ਆਤਮ-ਸਮਰਪਣ ਕੀਤਾ ਗਿਆ ਏ । ਬਿਊਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਇਸ ਅਮਰੂਦਾਂ ਦੇ ਬਾਗਾਂ ਬਾਰੇ ਮੁਆਵਜ਼ਾ ਵੰਡ ਘੁਟਾਲੇ ਵਿੱਚ, ਜਸਕਰਨ ਸਿੰਘ ਬਰਾੜ ਦੀ ਭੂਮਿਕਾ ਦਾ ਪਤਾ ਲੱਗਣ ਮਗਰੋਂ, ਉਸਨੂੰ ਇਸ ਮਾਮਲੇ ਵਿੱਚ ਮੁਲਜ਼ਮ ਵਜੋਂ ਨਾਮਜ਼ਦ ਕੀਤਾ ਗਿਆ ਸੀ । ਇਸ ਮਾਮਲੇ ਦੀ ਜਾਂਚ ਦੌਰਾਨ ਪਤਾ ਲੱਗਾ ਸੀ, ਕਿ ਫ਼ਰਜ਼ੀ ਲਾਭਪਾਤਰੀਆਂ ਨੂੰ ਮੁਆਵਜ਼ਾ ਜਾਰੀ ਕਰਨ ਵਿੱਚ ਜਸਕਰਨ ਸਿੰਘ ਬਰਾੜ ਅਤੇ ਇਸ ਮਾਮਲੇ ਦੇ ਮੁੱਖ ਮੁਲਜ਼ਮ ਦੀ ਆਪਸੀ ਮਿਲੀ-ਭੁਗਤ ਸੀ ।

-------------------------------------------------------------

ਮੌਨਸੂਨ ਕਾਰਨ ਅਗਸਤ ਮਹੀਨੇ ਵਿੱਚ ਚੰਗੀ ਬਾਰਿਸ਼ ਹੋਣ ਦੀ ਉਮੀਦ ਸੀ, ਪਰ ਪਹਿਲੀ ਤੋਂ 5 ਅਗਸਤ ਤੱਕ ਮਾਨਸੂਨ ਫਿਰ ਤੋਂ ਕਮਜ਼ੋਰ ਰਿਹਾ ਏ। ਪੰਜਾਬ 'ਚ ਇਨ੍ਹਾਂ 5 ਦਿਨਾਂ 'ਚ, 14 ਫੀਸਦੀ ਘੱਟ ਬਾਰਿਸ਼ ਹੋਈ ਏ। ਸੋਮਵਾਰ ਨੂੰ ਬਾਰਿਸ਼ ਕੁਝ ਜ਼ਿਲ੍ਹਿਆਂ ਤੱਕ ਹੀ ਸੀਮਤ ਰਹੀ, ਜਿਸ ਕਾਰਨ ਪੰਜਾਬ ਦੇ ਤਾਪਮਾਨ 'ਚ 0.2 ਡਿਗਰੀ ਦਾ ਵਾਧਾ ਦੇਖਣ ਨੂੰ ਮਿਲਿਆ ਏ। ਮੌਸਮ ਵਿਭਾਗ ਮੁਤਾਬਕ ਇਹ ਤਾਪਮਾਨ ਆਮ ਨਾਲੋਂ 1.6 ਡਿਗਰੀ ਵੱਧ ਏ। ਸ਼ਹੀਦ ਭਗਤ ਸਿੰਘ ਨਗਰ ਵਿੱਚ 9 ਮਿਲੀ-ਮੀਟਰ, ਰੋਪੜ ਵਿੱਚ 8.5, ਪਠਾਨਕੋਟ ਵਿੱਚ 4 ਅਤੇ ਮੋਗਾ ਤੇ ਫਿਰੋਜ਼ਪੁਰ ਵਿੱਚ 0.5 ਮਿਲੀਮੀਟਰ ਮੀਂਹ ਦਰਜ ਕੀਤਾ ਗਿਆ ਏ। ਮੌਸਮ ਵਿਭਾਗ ਨੇ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਜ਼ਿਲਿਆਂ ਵਿਚ ਮੀਂਹ ਦੀ ਸੰਭਾਵਨਾ ਦੱਸੀ ਏ।